# ਅਨੰਦੁ ਸਾਹਿਬ

## ਰਾਮਕਲੀ ਮਹਲਾ ੩

## LESSON :2

## ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ ॥ SGGS 917

ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ ॥

**Sācẖe sāhibā ki▫ā nāhī gẖar ṯerai.**

**O my True Lord and Master, what is there which is not in Your celestial home?**

ਘਰਿ ਤੇਰੈ = ਤੇਰੇ ਘਰ ਵਿਚ।

ਹੇ ਸਦਾ ਕਾਇਮ ਰਹਿਣ ਵਾਲੇ ਮਾਲਕ (-ਪ੍ਰਭੂ)!) ਤੇਰੇ ਘਰ ਵਿਚ ਕੇਹੜੀ ਚੀਜ਼ ਨਹੀਂ ਹੈ?

ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ ॥

**Gẖar ṯa ṯerai sabẖ kicẖẖ hai jis ḏėh so pāv▫e.**

**Everything is in Your home; they receive, unto whom You give.**

ਤ = ਤਾਂ। ਸਭੁ ਕਿਛੁ = ਹਰੇਕ ਚੀਜ਼। ਦੇਹਿ = ਤੂੰ ਦੇਂਦਾ ਹੈਂ। ਸੁ = ਉਹ ਮਨੁੱਖ।
ਪਾਵਏ = ਪਾਵੈ, ਪਾ ਲੈਂਦਾ ਹੈ, ਹਾਸਲ ਕਰਦਾ ਹੈ।

ਤੇਰੇ ਘਰ ਵਿਚ ਤਾਂ ਹਰੇਕ ਚੀਜ਼ ਮੌਜੂਦ ਹੈ, ਉਹੀ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਨੂੰ ਤੂੰ ਆਪ ਦੇਂਦਾ ਹੈਂ।



## ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ ॥

**Saḏā sifaṯ salāh ṯerī nām man vasāva▫e.**

**Constantly singing Your Praises and Glories, Your Name is enshrined in the mind.**

**ਸਿਫਤਿ ਸਲਾਹ = ਵਡਿਆਈ। ਮਨਿ = ਮਨ ਵਿਚ। ਵਸਾਵਏ = ਵਸਾਵੈ, ਵਸਾਂਦਾ ਹੈ।**

**(ਫਿਰ, ਉਹ ਮਨੁੱਖ) ਤੇਰਾ ਨਾਮ ਤੇ ਤੇਰੀ ਸਿਫ਼ਤ-ਸਾਲਾਹ (ਆਪਣੇ) ਮਨ ਵਿਚ ਵਸਾਂਦਾ ਹੈ (ਜਿਸ ਦੀ ਬਰਕਤਿ ਨਾਲ ਉਸ ਦੇ ਅੰਦਰ ਆਨੰਦ ਪੈਦਾ ਹੋ ਜਾਂਦਾ ਹੈ)।**

## ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ ॥

**Nām jin kai man vasi▫ā vāje sabaḏ gẖanere.**

**The divine melody of the Shabad vibrates for those, within whose minds the Naam abides.**

**ਜਿਨ ਕੈ ਮਨਿ = ਜਿਨ੍ਹਾਂ ਦੇ ਮਨ ਵਿਚ। ਵਾਜੇ = ਵੱਜਦੇ ਹਨ। ਸਬਦ = ਸਾਜਾਂ ਦੇ ਆਵਾਜ਼, ਰਾਗਾਂ ਦੀਆਂ ਸੁਰਾਂ। ਘਨੇਰੇ = ਬੇਅੰਤ।**

**ਜਿਨ੍ਹਾਂ ਬੰਦਿਆਂ ਦੇ ਮਨ ਵਿਚ (ਤੇਰਾ) ਨਾਮ ਵੱਸਦਾ ਹੈ (ਉਹਨਾਂ ਦੇ ਅੰਦਰ, ਮਾਨੋ,) ਬੇਅੰਤ ਸਾਜ਼ਾਂ ਦੀਆਂ (ਮਿਲਵੀਆਂ) ਸੁਰਾਂ ਵੱਜਣ ਲੱਗ ਪੈਂਦੀਆਂ ਹਨ (ਭਾਵ, ਉਹਨਾਂ ਦੇ ਮਨ ਵਿਚ ਉਹ ਖ਼ੁਸ਼ੀ ਤੇ ਚਾਉ ਪੈਦਾ ਹੁੰਦਾ ਹੈ ਜੋ ਕਈ ਸਾਜ਼ਾਂ ਦਾ ਮਿਲਵਾਂ ਰਾਗ ਸੁਣ ਕੇ ਪੈਦਾ ਹੁੰਦਾ ਹੈ)।**



**ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ ॥੩॥**

**Kahai Nānak sacẖe sāhib ki▫ā nāhī gẖar ṯerai. ||3||**

**Says Nanak, O my True Lord and Master, what is there which is not in Your home? ||3||**

**ਸਚੇ = ਹੇ ਸਦਾ ਕਾਇਮ ਰਹਿਣ ਵਾਲੇ! ॥੩॥**

**ਨਾਨਕ ਆਖਦਾ ਹੈ ਕਿ ਹੇ ਸਦਾ ਕਾਇਮ ਰਹਿਣ ਵਾਲੇ ਮਾਲਕ! ਤੇਰੇ ਘਰ ਵਿਚ ਕਿਸੇ ਸ਼ੈ ਦਾ ਘਾਟਾ ਨਹੀਂ ਹੈ (ਤੇ, ਮੈਂ ਤੇਰੇ ਦਰ ਤੋਂ ਆਨੰਦ ਦਾ ਦਾਨ ਮੰਗਦਾ ਹਾਂ) ॥੩॥**



ਸਾਚਾ ਨਾਮੁ ਮੇਰਾ ਆਧਾਰੋ ॥
**Sācẖā nām merā āḏẖāro.**
**The True Name is my only support.**
ਆਧਾਰੋ = ਆਸਰਾ।
(ਪ੍ਰਭੂ ਦੀ ਮੇਹਰ ਨਾਲ ਉਸ ਦਾ) ਸਦਾ-ਥਿਰ ਰਹਿਣ ਵਾਲਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ (ਬਣ ਗਿਆ) ਹੈ।

ਸਾਚੁ ਨਾਮੁ ਅਧਾਰੁ ਮੇਰਾ ਜਿਨਿ ਭੁਖਾ ਸਭਿ ਗਵਾਈਆ ॥

**Sācẖ nām aḏẖār merā jin bẖukẖā sabẖ gavā▫ī▫ā.**
**The True Name is my only support; it satisfies all hunger.**
ਜਿਨਿ = ਜਿਸ (ਨਾਮ) ਨੇ। ਭੁਖ = ਲਾਲਚ।
ਉਹ ਸਦਾ ਕਾਇਮ ਰਹਿਣ ਵਾਲਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ ਬਣ ਗਿਆ) ਹੈ, ਜਿਸ (ਹਰਿ-ਨਾਮ) ਨੇ ਮੇਰੇ ਸਾਰੇ ਲਾਲਚ ਦੂਰ ਕਰ ਦਿੱਤੇ ਹਨ।



**ਕਰਿ ਸਾਂਤਿ ਸੁਖ ਮਨਿ ਆਇ ਵਸਿਆ ਜਿਨਿ ਇਛਾ ਸਭਿ ਪੁਜਾਈਆ ॥**

**Kar sāʼnṯ sukẖ man ā▫e vasi▫ā jin icẖẖā sabẖ pujā▫ī▫ā.**

**It has brought peace and tranquility to my mind; it has fulfilled all my desires.**

**ਕਰਿ = (ਪੈਦਾ) ਕਰ ਕੇ। ਮਨਿ = ਮਨ ਵਿਚ। ਇਛਾ = ਮਨ ਦੀਆਂ ਕਾਮਨਾਂ। ਸਭਿ = ਸਾਰੀਆਂ।**

**ਜੋ ਹਰਿ-ਨਾਮ (ਮੇਰੇ ਅੰਦਰ) ਸ਼ਾਂਤੀ ਤੇ ਸੁਖ ਪੈਦਾ ਕਰਕੇ ਮੇਰੇ ਮਨ ਵਿਚ ਆ ਟਿਕਿਆ ਹੈ, ਜਿਸ (ਹਰਿ-ਨਾਮ) ਨੇ ਮੇਰੇ ਮਨ ਦੀਆਂ ਸਾਰੀਆਂ ਕਾਮਨਾਂ ਪੂਰੀਆਂ ਕਰ ਦਿੱਤੀਆਂ ਹਨ।**




**ਸਦਾ ਕੁਰਬਾਣੁ ਕੀਤਾ ਗੁਰੂ ਵਿਟਹੁ ਜਿਸ ਦੀਆ ਏਹਿ ਵਡਿਆਈਆ ॥**

**Saḏā kurbāṇ kīṯā gurū vitahu jis ḏī▫ā ehi vaḏi▫ā▫ī▫ā.**

**I am forever a sacrifice to the Guru, who possesses such glorious greatness.**

**ਕੁਰਬਾਣੁ = ਸਦਕੇ। ਵਿਟਹੁ = ਤੋਂ।**

**ਮੈਂ (ਆਪਣੇ ਆਪ ਨੂੰ) ਆਪਣੇ ਗੁਰੂ ਤੋਂ ਸਦਕੇ ਕਰਦਾ ਹਾਂ, ਕਿਉਂਕਿ ਇਹ ਸਾਰੀਆਂ ਬਰਕਤਾਂ ਗੁਰੂ ਦੀਆਂ ਹੀ ਹਨ।**

ਕਹੈ ਨਾਨਕੁ ਸੁਣਹੁ ਸੰਤਹੁ ਸਬਦਿ ਧਰਹੁ ਪਿਆਰੋ ॥

**Kahai Nānak suṇhu sanṯahu sabaḏ ḏẖarahu pi▫āro.**

**Says Nanak, listen, O Saints; enshrine love for the Shabad.**

**ਨਾਨਕ ਆਖਦਾ ਹੈ ਕਿ ਹੇ ਸੰਤ ਜਨੋ! (ਗੁਰੂ ਦਾ ਸ਼ਬਦ) ਸੁਣੋ, ਗੁਰੂ ਦੇ ਸ਼ਬਦ ਵਿਚ ਪਿਆਰ ਬਣਾਓ।**

ਸਾਚਾ ਨਾਮੁ ਮੇਰਾ ਆਧਾਰੋ ॥੪॥

**Sācẖā nām merā āḏẖāro. ||4||**

**The True Name is my only support. ||4||**

**(ਸਤਿਗੁਰੂ ਦੀ ਮੇਹਰ ਨਾਲ ਹੀ ਪ੍ਰਭੂ ਦਾ) ਸਦਾ ਕਾਇਮ ਰਹਿਣ ਵਾਲਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ (ਬਣ ਗਿਆ) ਹੈ ॥੪॥**

